ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਕਪੂਰਥਲਾ

## ਗਣਤੰਤਰ ਦਿਵਸ ਦੀਆਂ ਤਿਆਰੀਆਂ ਬਾਰੇ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ

### ਸਰਕਾਰ ਵੱਲੋਂ ਜਾਰੀ ਕੋਵਿਡ ਪ੍ਰੋਟੋਕਾਲ ਮੁਤਾਬਕ ਮਨਾਇਆ ਜਾਵੇਗਾ ਜ਼ਿਲ੍ਹਾ ਪੱਧਰੀ ਸਮਾਗਮ

ਕਪੂਰਥਲਾ, 12 ਜਨਵਰੀ

26 ਜਨਵਰੀ ਨੂੰ ਗਣਤੰਤਰ ਦਿਵਸ ਮੌਕੇ ਕਰਵਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਸਮਾਰੋਹ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਸਬੰਧੀ ਡਿਪਟੀ ਕਮਿਸ਼ਨਰ ਸ੍ਰੀਮਤੀ ਦੀਪਤੀ ਉੱਪਲ ਵੱਲੋਂ ਅੱਜ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਆਨ ਲਾਈਨ ਮੀਟਿੰਗ ਕਰਕੇ ਉਨ੍ਹਾਂ ਨੂੰ ਬਣਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।

ਸਮਾਗਮ ਦੀ ਰੂਪ-ਰੇਖਾ ਉਲੀਕਣ ਲਈ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਸਥਾਨਕ ਗੁਰੂ ਨਾਨਕ ਸਟੇਡੀਅਮ ਵਿਖੇ ਸਰਕਾਰ ਵੱਲੋਂ ਜਾਰੀ ਕੋਵਿਡ ਪ੍ਰੋਟੋਕਾਲ ਮੁਤਾਬਕ ਕਰਵਾਇਆ ਜਾਵੇਗਾ।

ਸਮਾਰੋਹ ਸਬੰਧੀ ਲੋੜੀਂਦੇ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਟੇਡੀਅਮ ਵਿਖੇ ਸਾਫ਼-ਸਫਾਈ, ਪੀਣ ਵਾਲੇ ਪਾਣੀ, ਬਿਜਲੀ, ਮੈਡੀਕਲ ਟੀਮਾਂ ਆਦਿ ਸਮੇਤ ਟ੍ਰੈਫਿਕ ਵਿਵਸਥਾ, ਪਾਰਕਿੰਗ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣ ਤਾਂ ਜੋ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।

ਉਨ੍ਹਾਂ ਕਿਹਾ ਕਿ ਇਸ ਦਿਹਾੜੇ ਨੂੰ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ ਅਤੇ ਫੁੱਲ ਡਰੈੱਸ ਰਿਹਰਸਲ 24 ਜਨਵਰੀ ਨੂੰ ਹੋਵੇਗੀ। ਉਨ੍ਹਾਂ ਹਦਾਇਤ ਕੀਤੀ ਕਿ ਗਣਤੰਤਰ ਦਿਵਸ ਸਮਾਰੋਹ ਦੇ ਪ੍ਰਬੰਧਾਂ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਨਾ ਵਰਤੀ ਜਾਵੇ ਅਤੇ ਵਿਭਾਗਾਂ ਦੇ ਮੁਖੀ ਖੁਦ ਸਮੁੱਚੇ ਪ੍ਰਬੰਧਾਂ ਦੀ ਨਿਗਰਾਨੀ ਨੂੰ ਯਕੀਨੀ ਬਣਾਉਣ।